# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :14-07-2026**

ਭਾਰਤ ਦਾ ਸਭ ਤੋਂ ਵੱਡਾ ਆਲਮੀ ਟੈਕਸਟਾਈਲ ਪ੍ਰੋਗਰਾਮ, ਭਾਰਤ ਟੈਕਸ 2026 ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਸ਼ੁਰੂ ਹੋਇਆ । ਕੇਂਦਰੀ ਟੈਕਸਟਾਈਲ ਮੰਤਰੀ ਗਿਰੀਰਾਜ ਸਿੰਘ ਨੇ ਇਸ ਚਾਰ ਦਿਨਾਂ ਪ੍ਰੋਗਰਾਮ ਦਾ ਉਦਘਾਟਨ ਕੀਤਾ। ਇਹ ਪ੍ਰੋਗਰਾਮ ਟੈਕਸਟਾਈਲ, ਫੈਸ਼ਨ, ਨਿਰੰਤਰ ਰਹਿਣ ਯੋਗਤਾ, ਤਕਨੋਲਜੀ, ਨਵੀਨਤਾ, ਨਿਵੇਸ਼ ਅਤੇ ਅੰਤਰਰਾਸ਼ਟਰੀ ਵਪਾਰ ਵਿੱਚ ਭਾਰਤ ਦੀ ਵਧਦੀ ਆਲਮੀ ਲੀਡਰਸ਼ਿਪ ਨੂੰ ਦਰਸਾਉਂਦਾ ਏ. ਇਸਨੇ ਨਿਰਮਾਤਾਵਾਂ, ਬਰਾਮਦਕਾਰਾਂ , ਆਲਮੀ ਖਰੀਦਦਾਰਾਂ, ਨਿਵੇਸ਼ਕਾਂ, ਨੀਤੀ ਨਿਰਮਾਤਾਵਾਂ, ਅੰਤਰਰਾਸ਼ਟਰੀ ਪ੍ਰਤੀਨਿਧੀਆਂ, ਕਾਰੀਗਰਾਂ, ਸਟਾਰਟ-ਅੱਪਸ ਅਤੇ ਤਕਨੋਲਜੀ ਮੁਹਇਆ ਕਰਨ ਵਾਲਿਆਂ ਨੂੰ ਇੱਕ ਥਾਂ ਲਿਆਂਦਾ. ਭਾਰਤ ਟੈਕਸ 2026 ਦੇ ਤੀਜੇ ਐਡੀਸ਼ਨ ਵਿੱਚ ਕਰੀਬ ਸੱਤ ਹਜ਼ਾਰ ਖਰੀਦਦਾਰ ਅਤੇ 20 ਹਜ਼ਾਰ ਤੋਂ ਵੱਧ ਟੈਕਸਟਾਈਲ ਉਤਪਾਦਾਂ ਦੀ ਹਿੱਸੇਦਾਰੀ ਦੇਖਣ ਨੂੰ ਮਿਲ ਰਹੀ ਏ ।

ਇਸ ਪ੍ਰੋਗਰਾਮ ਵਿੱਚ 14 ਦੇਸ਼ਾਂ ਦੇ ਅੰਤਰਰਾਸ਼ਟਰੀ ਨੁਮਾਇਸ਼ਕਾਰ ਹਿੱਸਾ ਲੈ ਰਹੇ ਨੇ.

---------------------------------------------------------

ਪੰਜਾਬ ਦੇ ਜਲ ਸਰੋਤ, ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਦੁਆਬਾ ਖੇਤਰ ਦੇ ਦੋ ਦਿਨਾ ਦੌਰੇ ਦੀ ਸ਼ੁਰੂਆਤ ਕੀਤੀ। ਇਹ ਦੌਰਾ ਦਰਿਆਵਾਂ ਅਤੇ ਹੋਰ ਸੰਵੇਦਨਸ਼ੀਲ ਥਾਵਾਂ 'ਤੇ ਚੱਲ ਰਹੇ ਹੜ੍ਹ ਰੋਕੂ ਕੰਮਾਂ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਪੂਰੇ ਸੂਬੇ ਵਿੱਚ ਕੀਤੇ ਜਾ ਰਹੇ ਦੌਰਿਆਂ ਦਾ ਹਿੱਸਾ ਏ । ਕੈਬਨਿਟ ਮੰਤਰੀ ਨੇ ਵਿਧਾਇਕ ਬਲਾਚੌਰ ਸੰਤੋਸ਼ ਕਟਾਰੀਆ ਨਾਲ ਬਲਾਚੌਰ ਉਪ-ਮੰਡਲ ਵਿੱਚ ਸਤਲੁਜ ਦਰਿਆ ਕੰਢੇ ਪੈਂਦੇ ਕੁਝ ਪਿੰਡਾਂ ਦਾ ਦੌਰਾ ਕੀਤਾ ਅਤੇ 2 ਕਰੋੜ 30 ਲਖ ਰੁਪਏ ਦੀ ਲਾਗਤ ਨਾਲ ਹਾਲ ਹੀ ਵਿੱਚ ਮੁਕੰਮਲ ਹੋਏ ਹੜ੍ਹ ਰੋਕੂ ਕੰਮਾਂ ਦਾ ਨਿਰੀਖਣ ਕੀਤਾ। ਇਸ ਪ੍ਰਾਜੈਕਟ ਤਹਿਤ ਬੰਨ੍ਹ 'ਤੇ 910 ਫੁੱਟ ਲੰਮਾ ਹੜ੍ਹ ਰੋਕੂ ਰਿਵੈਟਮੈਂਟ ਅਤੇ 8 ਸਟੱਡ ਬਣਾਏ ਗਏ ਨੇ ਤਾਂ ਜੋ ਦਰਿਆ ਦੇ ਕਿਨਾਰੇ ਦੇ ਕਟਾਅ ਨੂੰ ਰੋਕਿਆ ਜਾ ਸਕੇ ਅਤੇ ਬੰਨ੍ਹ ਨੂੰ ਮਜ਼ਬੂਤ ਕੀਤਾ ਜਾ ਸਕੇ । ਸ੍ਰੀ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪੂਰੇ ਸੂਬੇ ਵਿੱਚ ਹੜ੍ਹ ਰੋਕੂ ਉਪਾਵਾਂ 'ਤੇ 450 ਕਰੋੜ ਰੁਪਏ ਤੋਂ ਵੱਧ ਖਰਚ ਕੀਤੇ ਨੇ. ਇਹ ਦਰਿਆਵਾਂ ਦੇ ਬੰਨ੍ਹਾਂ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਹੜ੍ਹਾਂ ਦੀ ਤਬਾਹੀ ਤੋਂ ਬਚਾਉਣ ਲਈ ਹੁਣ ਤੱਕ ਦਾ ਸਭ ਤੋਂ ਵੱਡਾ ਨਿਵੇਸ਼ ਏ । ਕੈਬਨਿਟ

ਮੰਤਰੀ ਨੇ ਅੱਗੇ ਦੱਸਿਆ ਕਿ ਹੜ੍ਹ ਰੋਕੂ ਕੰਮਾਂ ਵਿੱਚ 101 ਬੋਲਡਰ ਅਤੇ ਹਾਈਬ੍ਰਿਡ- ਰੋਕੂ ਕੰਮ, 17 ਬੰਨ੍ਹਾਂ ਨੂੰ ਉੱਚਾ ਚੁੱਕਣ ਦੇ ਕੰਮ, 22 ਬੰਨ੍ਹਾਂ ਨੂੰ ਮਜ਼ਬੂਤ ਕਰਨ ਦੇ ਕੰਮ, 188 ਨਾਲਿਆਂ ਦੀ ਸਫ਼ਾਈ ਅਤੇ 5 ਹੜ੍ਹ ਕੰਟਰੋਲ ਗੇਟ ਚਲਾਉਣ ਦੇ ਕੰਮ ਲਈ ਸ਼ਾਮਲ ਨੇ. ਇਨ੍ਹਾਂ ਸਾਰਿਆਂ 'ਤੇ ਕੁੱਲ ਲਗਭਗ 450 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਨੇ.

--------------------------------------------------------

ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਪੰਜਾਬ ਸਰਕਾਰ ਵਲੋਂ ਸੂਬੇ ਵਿੱਚ 62 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ ਕਾਇਮ ਕੀਤੇ ਜਾ ਰਹੇ ਸੈਰ ਸਪਾਟਾ ਅਤੇ ਵਿਰਾਸਤੀ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦਾ ਜਾਇਜ਼ਾ ਲਿਆ. ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੈਬਨਿਟ ਮੰਤਰੀ ਨੇ ਸਾਰੀਆਂ ਕਾਰਜਕਾਰੀ ਏਜੰਸੀਆਂ ਨੂੰ ਉੱਚ ਗੁਣਵੱਤਾ ਦੇ ਮਾਪਦੰਡਾਂ ਨੂੰ ਕਾਇਮ ਰੱਖਦਿਆਂ ਇਨ੍ਹਾਂ ਪ੍ਰਾਜੈਕਟਾਂ ਦੇ ਕੰਮ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰਾਜੈਕਟਾਂ ਨਾਲ ਸੈਲਾਨੀਆਂ ਲਈ ਬੁਨਿਆਦੀ ਸਹੂਲਤਾਂ ਵਿੱਚ ਸੁਧਾਰ ਹੋਵੇਗਾ, ਇਤਿਹਾਸਕ ਅਤੇ ਸੱਭਿਆਚਾਰਕ ਵਿਰਸੇ ਦੀ ਸੰਭਾਲ ਹੋਵੇਗੀ ਅਤੇ ਰੁਜ਼ਗਾਰ ਤੇ ਆਰਥਿਕ ਗਤੀਵਿਧੀਆਂ ਨੂੰ ਹੁਲਾਰਾ ਮਿਲੇਗਾ। ਮੰਤਰੀ ਨੇ

ਇਹ ਵੀ ਕਿਹਾ ਕਿ ਕਿਸੇ ਵੀ ਪ੍ਰਾਜੈਕਟ ਦੀ ਗੁਣਵੱਤਾ ਨਾਲ ਸਮਝੌਤਾ ਕੀਤੇ ਬਿਨਾਂ ਨਿਰਧਾਰਤ ਸਮਾਂ ਸੀਮਾ ਅੰਦਰ ਕੰਮ ਮੁਕੰਮਲ ਕੀਤਾ ਜਾਵੇ ।

---------------------------------------------------------

ਸੂਬੇ ਵਿੱਚ ਚੱਲ ਰਹੀ ਮੁਹਿੰਮ ’ਗੈਂਗਸਟਰਾਂ 'ਤੇ ਵਾਰ’ ਦੇ 174ਵੇਂ ਦਿਨ ਪੰਜਾਬ ਪੁਲਿਸ ਨੇ ਕਲ੍ਹ ਰਾਜ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 667 ਟਿਕਾਣਿਆਂ ’ਤੇ ਛਾਪੇਮਾਰੀ ਕੀਤੀ। 174ਵੇਂ ਦਿਨ ਪੁਲਿਸ ਟੀਮਾਂ ਨੇ 4 ਹਥਿਆਰਾਂ ਸਮੇਤ 413 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 48 ਹਜ਼ਾਰ 98 ਹੋ ਗਈਆਂ ਨੇ । ਇਸ ਤੋਂ ਇਲਾਵਾ 293 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਏ । ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 4 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਏ । ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93-946-93-946 ਰਾਹੀਂ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਗੁਪਤ ਰੂਪ ਵਿੱਚ ਦੱਸ ਸਕਦੇ ਨੇ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦੇ ਸਕਦੇ ਨੇ.

-------------------------------------------------------

ਭਾਰਤ ਦੀ ਔਰਤਾਂ ਦੀ ਜੂਨੀਅਰ ਅੰਡਰ-21 ਹਾਕੀ ਟੀਮ ਅੱਜ ਆਪਣੇ ਬਰਤਾਨੀਆ ਦੌਰੇ ਦੇ ਆਖਰੀ ਮੈਚ ਵਿੱਚ ਇੰਗਲੈਂਡ ਦੇ ਲਿਲੇਸ਼ਾਲ ਨੈਸ਼ਨਲ ਸਪੋਰਟਸ ਸੈਂਟਰ ਵਿੱਚ ਬੈਲਜੀਅਮ ਖਿਲਾਫ਼ ਖੇਡੇਗੀ . ਇਹ ਮੈਚ ਭਾਰਤੀ ਸਮੇਂ ਅਨੁਸਾਰ ਦੁਪਹਿਰ ਬਾਅਦ ਢਾਈ  ਵਜੇ ਸ਼ੁਰੂ ਹੋਣਾ ਏ। ਭਾਰਤੀ ਟੀਮ ਇੰਗਲੈਂਡ 'ਤੇ 2-0 ਦੀ ਪ੍ਰਭਾਵਸ਼ਾਲੀ ਜਿੱਤ ਨਾਲ ਵਾਪਸੀ ਕਰਨ ਤੋਂ ਬਾਅਦ ਜਿੱਤ ਦੇ ਨਾਲ ਦੌਰੇ ਦਾ ਅੰਤ ਕਰਨ ਦਾ ਟੀਚਾ ਰੱਖੇਗੀ। ਇਸ ਤੋਂ ਪਹਿਲਾਂ, ਭਾਰਤ ਨੇ ਅਮਰੀਕਾ ਨੂੰ 1-1 ਨਾਲ ਡਰਾਅ 'ਤੇ ਰੋਕਿਆ ਸੀ ਪਰ ਸ਼ੂਟਆਊਟ ਵਿੱਚ 3-2 ਨਾਲ ਹਾਰ ਗਿਆ ਸੀ।

-------------------------------------------------------